# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

# 20:30

**ਮਿਤੀ : 12-10-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਸਰਵਉੱਚ ਅਦਾਲਤ ਨੇ ਕਿਹਾ - ਪਟਾਕਿਆਂ ਕਾਰਨ ਹੋਣ ਵਾਲੇ ਹਵਾ ਪ੍ਰਦੂਸ਼ਣ ਨਾਲ ਨਜਿੱਠਣ ਲਈ, ਪਾਬੰਦੀ ਲਗਾਉਣ ਦੀ ਬਜਾਏ, ਜਨਤਕ ਜਾਗਰੂਕਤਾ ਅਤੇ ਸਵੈ-ਇੱਛਤ ਹਿੱਸੇਦਾਰੀ ਵਧੇਰੇ ਪ੍ਰਭਾਵਸ਼ਾਲੀ ਹੋਵੇਗੀ।

- ਕੇਂਦਰ ਸਰਕਾਰ ਨੇ ਪੰਜਾਬ ਅਤੇ ਚੰਡੀਗੜ੍ਹ ਸਮੇਤ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ, ਕਲੀਨਿਕਲ ਅਦਾਰਿਆਂ ਵਿੱਚ ਮੁਹੱਈਆ ਕਰਵਾਈਆਂ ਜਾਣ ਵਾਲੀਆਂ ਸੇਵਾਵਾਂ ਅਤੇ ਸਹੂਲਤਾਂ ਦੀਆਂ ਦਰਾਂ, ਸਪਸ਼ਟ ਤੌਰ 'ਤੇ ਦਰਸਾਉਣ ਲਈ ਕਿਹਾ ।

- ਵਣਜ ਅਤੇ ਉਦਯੋਗ ਮੰਤਰੀ, ਪੀਯੂਸ਼ ਗੋਇਲ ਨੇ 2030 ਤੱਕ, ਭਾਰਤ-ਬਰਤਾਨੀਆ ਦੁਵੱਲੇ ਵਪਾਰ ਨੂੰ ਦੁੱਗਣਾ ਕਰਨ ਦਾ ਸੱਦਾ ਦਿੱਤਾ ।

- ਪੰਜਾਬ ਵਿੱਚ ਵਿਸ਼ੇਸ਼ ਤੀਬਰ ਸੋਧ -SIR-2026 ਮੁਕੰਮਲ-ਸਾਰੇ 117 ਵਿਧਾਨ ਸਭਾ ਹਲਕਿਆਂ ਦੀਆਂ ਅੰਤਿਮ ਵੋਟਰ ਸੂਚੀਆਂ ਪ੍ਰਕਾਸ਼ਿਤ ਹੋਈਆਂ।

- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਏਸ਼ੀਆਈ ਖੇਡਾਂ ਵਿੱਚ 27 ਤਮਗੇ ਜਿੱਤਣ ਵਾਲੇ ਤਿੰਨਾਂ ਹਥਿਆਰਬੰਦ ਸੈਨਾਵਾਂ ਦੇ ਖਿਡਾਰੀਆਂ ਨੂੰ ਸਨਮਾਨਿਤ ਕੀਤਾ।

## *ਹੁਣ ਖਬਰਾਂ ਵਿਸਥਾਰ ਨਾਲ*

ਸਰਵਉੱਚ ਅਦਾਲਤ ਨੇ ਕਿਹਾ ਏ ਕਿ ਦਿੱਲੀ-ਐਨ.ਸੀ.ਆਰ ਵਿੱਚ ਪਟਾਕਿਆਂ ਕਾਰਨ ਹੋਣ ਵਾਲੇ ਹਵਾ ਪ੍ਰਦੂਸ਼ਣ ਨਾਲ ਨਜਿੱਠਣ ਲਈ, ਪਾਬੰਦੀ ਲਗਾਉਣ ਦੀ ਬਜਾਏ, ਜਨਤਕ ਜਾਗਰੂਕਤਾ ਅਤੇ ਸਵੈ-ਇੱਛਤ ਹਿੱਸੇਦਾਰੀ ਵਧੇਰੇ ਪ੍ਰਭਾਵਸ਼ਾਲੀ ਹੋਵੇਗੀ।

ਅਦਾਲਤ ਨੇ ਕਿਹਾ ਕਿ ਪਾਬੰਦੀਸ਼ੁਦਾ ਹੁਕਮਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨਾ ਮੁਸ਼ਕਲ ਹੋ ਸਕਦਾ ਏ।

ਭਾਰਤ ਦੇ ਚੀਫ਼ ਜਸਟਿਸ, ਸੂਰਿਆ ਕਾਂਤ ਅਤੇ ਜਸਟਿਸ ਜੋਇਮਾਲਿਆ ਬਾਗਚੀ ਤੇ ਵੀ. ਮੋਹਨਾ ਦੇ ਬੈਂਚ ਨੇ ਕਿਹਾ ਕਿ ਸੁਪਰੀਮ ਕੋਰਟ, ਧਾਰਮਿਕ ਭਾਵਨਾਵਾਂ ਨੂੰ ਠੇਸ ਨਹੀਂ ਪਹੁੰਚਾਏਗੀ। ਉਨ੍ਹਾਂ ਨੇ ਪਟਾਕਿਆਂ ਦੇ

ਨੁਕਸਾਨਦੇਹ ਪ੍ਰਭਾਵਾਂ ਨੂੰ ਘੱਟ ਕਰਨ ਲਈ, ਇੱਕ ਸੰਤੁਲਿਤ ਅਤੇ ਵਿਹਾਰਕ ਪਹੁੰਚ ਅਪਣਾਉਣ ਦੀ ਲੋੜ 'ਤੇ ਜ਼ੋਰ ਦਿੱਤਾ।

ਬੈਂਚ ਨੇ ਇਹ ਵੀ ਕਿਹਾ ਏ ਕਿ ਪ੍ਰਭਾਵੀ ਅਮਲ ਨੂੰ ਯਕੀਨੀ ਬਣਾਏ ਬਿਨਾਂ ਪਾਬੰਦੀਸ਼ੁਦਾ ਹੁਕਮ ਜਾਰੀ ਨਹੀਂ ਕੀਤੇ ਜਾ ਸਕਦੇ। ਇਸ ਮਾਮਲੇ ਦੀ ਅਗਲੀ ਸੁਣਵਾਈ 15 ਅਕਤੂਬਰ ਨੂੰ ਹੋਵੇਗੀ।

---------------------------------------------------------

ਕੇਂਦਰ ਸਰਕਾਰ ਨੇ ਪੰਜਾਬ ਅਤੇ ਚੰਡੀਗੜ੍ਹ ਸਮੇਤ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਕਲੀਨਿਕਲ ਅਦਾਰਿਆਂ ਵਿੱਚ ਮੁਹੱਈਆ ਕਰਵਾਈਆਂ ਜਾਣ ਵਾਲੀਆਂ ਸੇਵਾਵਾਂ ਅਤੇ ਸਹੂਲਤਾਂ ਦੀਆਂ ਦਰਾਂ, ਸਪਸ਼ਟ ਤੌਰ 'ਤੇ ਦਰਸਾਉਣ ਕਰਨ ਲਈ ਕਿਹਾ ਏ।

ਇਸ ਪਹਿਲਕਦਮੀ ਦਾ ਉਦੇਸ਼, ਮਰੀਜ਼ਾਂ ਨੂੰ ਇਲਾਜ ਬਾਰੇ ਸਹੀ ਫੈਸਲੇ ਲੈਣ ਦੇ ਸਮਰੱਥ ਬਣਾਉਣਾ, ਬਿੱਲ ਨਾਲ ਜੁੜੇ ਵਿਵਾਦਾਂ ਨੂੰ ਰੋਕਣਾ ਅਤੇ ਸਿਹਤ ਸੰਭਾਲ ਸੇਵਾਵਾਂ ਵਿੱਚ ਵਿਸ਼ਵਾਸ ਵਧਾਉਣਾ ਏ।

ਕੇਂਦਰੀ ਸਿਹਤ ਸਕੱਤਰ, ਪੁਣਯ ਸਲੀਲਾ ਸ਼੍ਰੀਵਾਸਤਵ ਨੇ ਇਸ ਸਬੰਧ ਵਿੱਚ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਮੁੱਖ ਸਕੱਤਰਾਂ ਨੂੰ ਇੱਕ ਪੱਤਰ ਲਿਖਿਆ ਏ। ਸ਼੍ਰੀਮਤੀ ਸ਼੍ਰੀਵਾਸਤਵ ਨੇ ਕਿਹਾ ਕਿ ਇਲਾਜ ਦੀਆਂ ਦਰਾਂ ਨੂੰ ਸਪਸ਼ਟ ਤੌਰ 'ਤੇ ਪ੍ਰਦਰਸ਼ਿਤ ਕਰਨ ਨਾਲ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਇਲਾਜ ਦੀ ਸੰਭਾਵਿਤ ਲਾਗਤ ਦਾ ਅੰਦਾਜ਼ਾ ਲਗਾਉਣ,

ਸਹੀ ਫੈਸਲੇ ਲੈਣ ਅਤੇ ਆਪਣੇ ਡਾਕਟਰੀ ਖਰਚਿਆਂ ਦੀ ਯੋਜਨਾ ਬਣਾਉਣ ਵਿੱਚ ਮਦਦ ਮਿਲੇਗੀ।

-----------------------------------------------------------

ਵਣਜ ਅਤੇ ਉਦਯੋਗ ਮੰਤਰੀ, ਪੀਯੂਸ਼ ਗੋਇਲ ਨੇ 2030 ਤੱਕ, ਭਾਰਤ-ਬਰਤਾਨੀਆ ਦੁਵੱਲੇ ਵਪਾਰ ਨੂੰ ਦੁੱਗਣਾ ਕਰਨ ਦਾ ਸੱਦਾ ਦਿੱਤਾ ਏ।

ਸ਼੍ਰੀ ਗੋਇਲ ਨੇ ਅੱਜ ਨਵੀਂ ਦਿੱਲੀ ਵਿੱਚ, ਭਾਰਤ-ਬਰਤਾਨੀਆ ਸੰਯੁਕਤ ਆਰਥਿਕ ਅਤੇ ਵਪਾਰਕ ਕਮੇਟੀ ਦੇ 16ਵੇਂ ਸੈਸ਼ਨ ਨੂੰ ਸੰਬੋਧਨ ਕਰਦਿਆਂ ਇਹ ਗੱਲ ਕਹੀ। ਸ਼੍ਰੀ ਗੋਇਲ ਨੇ ਨਿਰੰਤਰ ਸੰਪਰਕ, ਮਜ਼ਬੂਤ ਸੰਸਥਾਗਤ ਢਾਂਚੇ ਅਤੇ ਵਧੇਰੇ ਸਹਿਯੋਗ ਰਾਹੀਂ ਭਾਰਤ-ਬਰਤਾਨੀਆ ਆਰਥਿਕ ਸਹਿਯੋਗ ਨੂੰ ਡੂੰਘਾ ਕਰਨ ਲਈ ਭਾਰਤ ਦੀ ਵਚਨਬੱਧਤਾ ਨੂੰ ਦੁਹਰਾਇਆ। ਉਨ੍ਹਾਂ ਕਿਹਾ ਕਿ ਇਸ ਨਾਲ ਦੋਵਾਂ ਦੇਸ਼ਾਂ ਵਿੱਚ ਕਾਰੋਬਾਰਾਂ ਲਈ ਨਵੇਂ ਮੌਕੇ ਖੁੱਲ੍ਹਣਗੇ।

ਮੰਤਰੀ ਨੇ ਭਾਰਤ ਅਤੇ ਬਰਤਾਨੀਆਂ ਦੇ ਕਾਰੋਬਾਰਾਂ ਨੂੰ 'ਭਾਰਤ-ਬਰਤਾਨੀਆ ਵਿਆਪਕ ਆਰਥਿਕ ਅਤੇ ਵਪਾਰ ਸਮਝੌਤੇ' ਰਾਹੀਂ ਪੈਦਾ ਹੋਏ ਮੌਕਿਆਂ ਨੂੰ ਵਧੇਰੇ ਵਪਾਰ, ਨਿਵੇਸ਼, ਭਾਈਵਾਲੀ ਅਤੇ ਰੁਜ਼ਗਾਰ ਸਿਰਜਣ ਵਿੱਚ ਤਬਦੀਲ ਕਰਨ ਦਾ ਸੱਦਾ ਦਿੱਤਾ। ਸ਼੍ਰੀ ਗੋਇਲ ਨੇ ਕਿਹਾ ਕਿ ਸਮਝੌਤੇ' ਦੋਵਾਂ ਦੇਸ਼ਾਂ ਵਿਚਕਾਰ ਆਰਥਿਕ ਭਾਈਵਾਲੀ ਵਿੱਚ ਇੱਕ ਅਹਿਮ ਗੇੜ ਏ।

ਸ਼੍ਰੀ ਗੋਇਲ ਨੇ ਵਪਾਰਕ ਰੁਕਾਵਟਾਂ ਨੂੰ ਦੂਰ ਕਰਨ ਅਤੇ ਵਪਾਰਕ ਸਬੰਧਾਂ ਨੂੰ ਮਜ਼ਬੂਤ ਕਰਨ ਲਈ 'ਭਾਰਤ-ਬਰਤਾਨੀਆ ਵਿਆਪਕ ਆਰਥਿਕ ਅਤੇ ਵਪਾਰ ਸਮਝੌਤੇ' ਦੀ ਪ੍ਰਭਾਵਸ਼ਾਲੀ ਵਰਤੋਂ ਕਰਨ ਦੇ ਮਹੱਤਵ 'ਤੇ ਜ਼ੋਰ ਦਿੱਤਾ।

--------------------------------------------------------------------

ਸੁਪਰੀਮ ਕੋਰਟ ਦੇ ਚੀਫ ਜਸਟਿਸ, ਜਸਟਿਸ ਸੂਰਿਆ ਕਾਂਤ ਨੇ ਕਿਹਾ ਏ ਕਿ ਸੁਪਰੀਮ ਕੋਰਟ ਦੇ ਦਰਵਾਜ਼ੇ ਸਾਰਿਆਂ ਲਈ ਖੁੱਲ੍ਹੇ ਨੇ ਅਤੇ ਕਿਸੇ ਵੀ ਆਮ ਨਾਗਰਿਕ ਜਾਂ ਚੁਣੀ ਹੋਈ ਸੰਸਥਾ ਦੇ ਮੈਂਬਰ ਵੱਲੋਂ ਦਾਇਰ ਕੀਤੀ ਗਈ ਕਿਸੇ ਵੀ ਪਟੀਸ਼ਨ ਦਾ ਸੁਆਗਤ ਏ।

**BYTE: CJI SURYA KANT**

ਜਸਟਿਸ ਸੂਰਿਆ ਕਾਂਤ ਨੇ ਨਵੀਂ ਦਿੱਲੀ ਵਿੱਚ, ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ, NHRC ਦੇ 33ਵੇਂ ਸਥਾਪਨਾ ਦਿਵਸ ਮੌਕੇ ਸੰਬੋਧਨ ਕਰਦਿਆਂ, ਇਹ ਗੱਲ ਕਹੀ।

--------------------------------------------------------------------

ਵਣਜ ਅਤੇ ਉਦਯੋਗ ਮੰਤਰੀ, ਪੀਯੂਸ਼ ਗੋਇਲ ਨੇ 2030 ਤੱਕ, ਭਾਰਤ-ਬਰਤਾਨੀਆ ਦੁਵੱਲੇ ਵਪਾਰ ਨੂੰ ਦੁੱਗਣਾ ਕਰਨ ਦਾ ਸੱਦਾ ਦਿੱਤਾ ਏ। ਸ੍ਰੀ ਗੋਇਲ ਨੇ ਅੱਜ ਨਵੀਂ ਦਿੱਲੀ ਵਿੱਚ, ਭਾਰਤ-ਬਰਤਾਨੀਆ ਸੰਯੁਕਤ ਆਰਥਿਕ ਅਤੇ ਵਪਾਰਕ ਕਮੇਟੀ (JETCO) ਦੇ 16ਵੇਂ ਸੈਸ਼ਨ ਨੂੰ ਸੰਬੋਧਨ

ਕਰਦਿਆਂ ਇਹ ਗੱਲ ਕਹੀ। ਸ਼੍ਰੀ ਗੋਇਲ ਨੇ ਨਿਰੰਤਰ ਸੰਪਰਕ, ਮਜ਼ਬੂਤ ਸੰਸਥਾਗਤ ਢਾਂਚੇ ਅਤੇ ਵਧੇਰੇ ਸਹਿਯੋਗ ਰਾਹੀਂ ਭਾਰਤ-ਬਰਤਾਨੀਆ ਆਰਥਿਕ ਸਹਿਯੋਗ ਨੂੰ ਡੂੰਘਾ ਕਰਨ ਲਈ ਭਾਰਤ ਦੀ ਵਚਨਬੱਧਤਾ ਨੂੰ ਦੁਹਰਾਇਆ। ਉਨ੍ਹਾਂ ਕਿਹਾ ਕਿ ਇਸ ਨਾਲ ਦੋਵਾਂ ਮੁਲਕਾਂ ਵਿੱਚ ਕਾਰੋਬਾਰਾਂ ਲਈ ਨਵੇਂ ਮੌਕੇ ਖੁੱਲ੍ਹਣਗੇ।

ਮੰਤਰੀ ਨੇ ਭਾਰਤ ਅਤੇ ਬਰਤਾਨੀਆਂ ਦੇ ਕਾਰੋਬਾਰਾਂ ਨੂੰ 'ਭਾਰਤ-ਬਰਤਾਨੀਆ ਵਿਆਪਕ ਆਰਥਿਕ ਅਤੇ ਵਪਾਰ ਸਮਝੌਤੇ' (CETA) ਰਾਹੀਂ ਪੈਦਾ ਹੋਏ ਮੌਕਿਆਂ ਨੂੰ ਵਧੇਰੇ ਵਪਾਰ, ਨਿਵੇਸ਼, ਭਾਈਵਾਲੀ ਅਤੇ ਰੁਜ਼ਗਾਰ ਸਿਰਜਣ ਵਿੱਚ ਤਬਦੀਲ ਕਰਨ ਦਾ ਸੱਦਾ ਦਿੱਤਾ।

-----------------------------------------------------------

ਬਿਮਸਟੈਕ (BIMSTEC) ਗ੍ਰਹਿ ਮੰਤਰੀਆਂ ਦੀ ਪਹਿਲੀ ਮੀਟਿੰਗ ਭਲਕੇ ਨਵੀਂ ਦਿੱਲੀ ਵਿੱਚ ਹੋਣ ਜਾ ਰਹੀ ਏ। ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਮੀਟਿੰਗ ਵਿੱਚ ਸ਼ਾਮਲ ਹੋਣ ਵਾਲੇ ਮੈਂਬਰ ਦੇਸ਼ਾਂ ਦੇ ਸਾਰੇ ਗ੍ਰਹਿ ਮੰਤਰੀਆਂ ਅਤੇ ਵਫ਼ਦਾਂ ਦਾ ਸਵਾਗਤ ਕੀਤਾ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਗ੍ਰਹਿ ਮੰਤਰੀ ਨੇ ਕਿਹਾ ਕਿ ਇਹ ਮੀਟਿੰਗ, ਦਹਿਸ਼ਤਗਰਦੀ, ਅੰਤਰਰਾਸ਼ਟਰੀ ਸੰਗਠਿਤ ਅਪਰਾਧ, ਨਸ਼ੀਲੇ ਪਦਾਰਥਾਂ ਦੀ ਤਸਕਰੀ, ਗੈਰ-ਕਾਨੂੰਨੀ ਵਿੱਤੀ ਲੈਣ-ਦੇਣ ਅਤੇ ਸਾਈਬਰ ਖਤਰਿਆਂ ਨਾਲ ਨਜਿੱਠਣ ਲਈ, ਬਿਮਸਟੈਕ ਮੁਲਕਾਂ ਦੇ ਸਾਂਝੇ ਸੰਕਲਪ ਨੂੰ ਦਰਸਾਉਂਦੀ ਏ।

------------------------------------------------------------

ਭਾਰਤੀ ਜਨਤਾ ਪਾਰਟੀ ਨੇ ਕਾਂਗਰਸ ਨੇਤਾ ਅਤੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ 'ਤੇ ਸੰਵਿਧਾਨਕ ਸੰਸਥਾਵਾਂ ਨੂੰ ਕਮਜ਼ੋਰ ਕਰਨ ਅਤੇ ਦੇਸ਼ ਦਾ ਅਕਸ ਖਰਾਬ ਕਰਨ ਦਾ ਇਲਜ਼ਾਮ ਲਗਾਇਆ ਏ। ਅੱਜ ਨਵੀਂ ਦਿੱਲੀ ਵਿੱਚ, ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਬੀਜੇਪੀ ਦੇ ਸੀਨੀਅਰ ਨੇਤਾ ਅਤੇ ਸੰਸਦ ਮੈਂਬਰ ਅਨੁਰਾਗ ਸਿੰਘ ਠਾਕੁਰ ਨੇ ਇਲਜ਼ਾਮ ਲਾਇਆ ਕਿ ਚੋਣਾਂ 'ਚ ਹਾਰ ਤੋਂ ਬਾਅਦ, ਕਾਂਗਰਸ ਕਦੇ ਇਲੈਕਟ੍ਰਾਨਿਕ ਵੋਟਿੰਗ ਮਸ਼ੀਨਾਂ ਅਤੇ ਕਦੇ ਚੋਣ ਕਮਿਸ਼ਨ 'ਤੇ ਸਵਾਲ ਉਠਾਉਂਦੀ ਏ।

ਸ੍ਰੀ ਠਾਕੁਰ ਨੇ ਕਿਹਾ ਕਿ ਕਾਂਗਰਸ ਨੂੰ ਸਿਰਫ਼ ਇਲਜ਼ਾਮ ਲਗਾਉਣ ਦੀ ਬਜਾਏ, ਉਨ੍ਹਾਂ ਦੀ ਹਮਾਇਤ ਵਿੱਚ ਸਬੂਤ ਪੇਸ਼ ਕਰਨੇ ਚਾਹੀਦੇ ਨੇ।

------------------------------------------------------------

ਪੰਜਾਬ ਵਿੱਚ, ਸਾਰੇ 117 ਵਿਧਾਨ ਸਭਾ ਹਲਕਿਆਂ ਦੀਆਂ ਵਿਸ਼ੇਸ਼ ਤੀਬਰ ਸੋਧ (SIR) ਅਭਿਆਸ ਤੋਂ ਬਾਅਦ ਅੰਤਿਮ ਵੋਟਰ ਸੂਚੀਆਂ ਅੱਜ ਪ੍ਰਕਾਸ਼ਿਤ ਕੀਤੀਆਂ ਗਈਆਂ ਨੇ।

13 ਅਗਸਤ, 2026 ਨੂੰ ਪਹਿਲਾਂ ਪ੍ਰਕਾਸ਼ਿਤ ਖਰੜਾ ਸੂਚੀ ਵਿੱਚ ਦੱਸੇ ਗਏ 1 ਕਰੋੜ 93 ਲੱਖ 94 ਹਜ਼ਾਰ 435 ਦੇ ਮੁਕਾਬਲੇ, ਸੂਬੇ ਵਿੱਚ ਵੋਟਰਾਂ ਦੀ ਕੁੱਲ ਗਿਣਤੀ 2 ਕਰੋੜ 10 ਲਖ ਤੋਂ ਵੱਧ ਹੋ ਗਈ ਏ, ਜਿਨ੍ਹਾਂ ਵਿੱਚ 506 ਟਰਾਂਸਜੈਂਡਰ ਵੀ ਸ਼ਾਮਲ ਨੇ। ਇਹ ਵਾਧਾ 3.64 ਫੀਸਦੀ ਦੇ ਵਾਧੇ ਨੂੰ ਦਰਸਾਉਂਦਾ ਏ।

ਇਹ ਯੋਗ ਵੋਟਰ ਹੁਣ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਆਪਣੀ ਵੋਟ ਦੀ ਵਰਤੋਂ ਕਰ ਸਕਣਗੇ।

ਅੰਤਿਮ ਵੋਟਰ ਸੂਚੀਆਂ ਜ਼ਿਲ੍ਹਾ ਚੋਣ ਅਧਿਕਾਰੀਆਂ, EROs ਅਤੇ BLOs ਦੇ ਦਫ਼ਤਰਾਂ 'ਤੇ ਉਪਲਬਧ ਨੇ। ਇਹਨਾਂ ਨੂੰ ਮੁੱਖ ਚੋਣ ਅਧਿਕਾਰੀ, ਪੰਜਾਬ ਦੀ ਅਧਿਕਾਰਤ ਵੈੱਬਸਾਈਟ ਅਤੇ ਨਾਗਰਿਕ ਸੇਵਾ ਪੋਰਟਲ voters.eci.gov.in ਤੋਂ ਵੀ ਡਾਊਨਲੋਡ ਕੀਤਾ ਜਾ ਸਕਦਾ ਏ।

ਵੇਰਵੇ ਸਾਂਝੇ ਕਰਦਿਆਂ, ਪੰਜਾਬ ਦੇ ਮੁੱਖ ਚੋਣ ਅਧਿਕਾਰੀ ਅਨਿੰਦਿਤਾ ਮਿੱਤਰਾ ਨੇ ਦੱਸਿਆ ਕਿ ਸਾਰੇ ਯੋਗ ਵੋਟਰਾਂ ਤੱਕ ਪਹੁੰਚਣ ਲਈ ਹਰ ਸੰਭਵ ਯਤਨ ਕੀਤੇ ਗਏ ਨੇ।

-----------------------------------------------------------------

ਪੰਜਾਬ ਸਰਕਾਰ ਨੇ ਸਾਬਕਾ ਦਿੱਗਜ ਕ੍ਰਿਕਟ ਖਿਡਾਰੀ ਯੁਵਰਾਜ ਸਿੰਘ ਵੱਲੋਂ ਸਥਾਪਤ ‘ਯੂ.ਵੁਈ.ਕੈਨ. ਫਾਊਂਡੇਸ਼ਨ’ ਨਾਲ ਜ਼ਿਲ੍ਹਾ ਪਟਿਆਲਾ ਵਿਖੇ ਛਾਤੀ ਅਤੇ ਮੂੰਹ ਦੇ ਕੈਂਸਰ ਦੀ ਵਿਆਪਕ ਸਕ੍ਰੀਨਿੰਗ ਦਾ ਪ੍ਰਾਜੈਕਟ ਚਲਾਉਣ ਲਈ ਇੱਕ ਸਮਝੌਤਾ ਕੀਤਾ ਏ।

ਇਸਦਾ ਉਦੇਸ਼ ਜ਼ਮੀਨੀ ਪੱਧਰ 'ਤੇ ਕੈਂਸਰ ਦੀ ਸਕ੍ਰੀਨਿੰਗ ਅਤੇ ਸ਼ੁਰੂਆਤੀ ਪੜਾਅ ਵਿੱਚ ਜਾਂਚ ਨੂੰ ਹੋਰ ਮਜ਼ਬੂਤ ਕਰਨਾ ਏ ।

ਇਸ ਸਮਝੌਤੇ 'ਤੇ ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੀ ਮੌਜੂਦਗੀ ਵਿੱਚ ਵਿਭਾਗ ਦੀ ਡਾਇਰੈਕਟਰ ਡਾ. ਹਿਤਿੰਦਰ ਕੌਰ ਅਤੇ

ਯੁਵਰਾਜ ਸਿੰਘ ਫਾਊਂਡੇਸ਼ਨ ਦੀ ਟਰੱਸਟੀ ਪੂਨਮ ਨੰਦਾ ਵੱਲੋਂ ਰਸਮੀ ਤੌਰ 'ਤੇ ਹਸਤਾਖ਼ਰ ਕੀਤੇ ਗਏ।

ਸਹਿਤ ਮੰਤਰੀ ਨੇ ਦੱਸਿਆ ਕਿ ਇਸ ਮਿਸ਼ਨ ਦਾ ਮੁੱਖ ਮਕਸਦ ਨਿਯਮਤ ਜਾਂਚ ਨੂੰ ਉਤਸ਼ਾਹਿਤ ਕਰਨਾ ਅਤੇ ਸਕ੍ਰੀਨਿੰਗ ਪ੍ਰਤੀ ਲੋਕਾਂ ਦੇ ਡਰ ਨੂੰ ਦੂਰ ਕਰਨਾ ਏ।

------------------------------------------------------------

ਰੇਲ ਕੋਚ ਫੈਕਟਰੀ, ਕਪੂਰਥਲਾ ਨੇ ਕੱਲ੍ਹ ਬੰਗਲਾਦੇਸ਼ ਨੂੰ 19-LHB ਬ੍ਰੌਡ ਗੇਜ ਮੁਸਾਫ਼ਰ ਕੋਚਾਂ ਵਾਲਾ ਪਹਿਲਾ ਰੇਕ ਰਵਾਨਾ ਕੀਤਾ।

ਪਹਿਲੇ ਰੇਕ ਵਿੱਚ 3-AC ਸਲੀਪਰ ਕਾਰ, 3-AC ਚੇਅਰ ਕਾਰ, 11 ਨਾਨ-AC ਚੇਅਰ ਕਾਰਾਂ ਅਤੇ 2 ਪਾਵਰ ਕਾਰ ਸ਼ਾਮਲ ਨੇ। ਇਹਨਾਂ ਡੱਬਿਆਂ ਵਿੱਚ ਕਈ ਵਿਲੱਖਣ ਡਿਜ਼ਾਈਨ ਵਿਸ਼ੇਸ਼ਤਾਵਾਂ ਸ਼ਾਮਲ ਕੀਤੀਆਂ ਗਈਆਂ ਨੇ।

ਕੋਚਾਂ ਨੂੰ ਬੰਗਲਾਦੇਸ਼ ਰੇਲਵੇ ਦੀਆਂ ਸੰਚਾਲਨ ਅਤੇ ਮੁਸਾਫ਼ਰ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਵਿਸ਼ੇਸ਼ ਤੌਰ 'ਤੇ ਡਿਜ਼ਾਈਨ ਕੀਤਾ ਗਿਆ ਏ।

------------------------------------------------------------

ਦਿੱਲੀ ਪੁਲਿਸ ਨੇ ਵਿਰੋਧ ਪ੍ਰਦਰਸ਼ਨਾਂ ਅਤੇ ਧਰਨਿਆਂ ਲਈ, ਤਿੰਨ ਨਵੀਆਂ ਥਾਵਾਂ ਨਿਰਧਾਰਤ ਕੀਤੀਆਂ ਨੇ। ਇਨ੍ਹਾਂ ਵਿੱਚ ਰਾਮਲੀਲਾ ਮੈਦਾਨ, ਬੁਰਾੜੀ ਮੈਦਾਨ ਅਤੇ ਪੂਰਬੀ ਦਿੱਲੀ ਦਾ CBD ਮੈਦਾਨ ਸ਼ਾਮਲ ਏ।

----------------------------------------------------------------

ਦਿੱਲੀ ਮੈਟਰੋ ਨੇ ਐਲਾਨ ਕੀਤਾ ਏ ਕਿ, ਮੈਟਰੋ ਨੈੱਟਵਰਕ ਦੇ ਸਾਰੇ ਸਟੇਸ਼ਨਾਂ 'ਤੇ ਦਾਖਲ ਹੋਣ ਅਤੇ ਬਾਹਰ ਨਿਕਲਣ ਵਾਲੇ ਗੇਟ ਦੁਬਾਰਾ ਖੋਲ੍ਹ ਦਿੱਤੇ ਗਏ ਨੇ। ਸਾਰੇ ਸਬੰਧਤ ਸਟੇਸ਼ਨਾਂ 'ਤੇ ਮੈਟਰੋ ਲਾਈਨਾਂ ਬਦਲਣ ਦੀਆਂ ਸਹੂਲਤਾਂ ਵੀ ਉਪਲਬਧ ਨੇ।

----------------------------------------------------------------

ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਜਗਤ ਪ੍ਰਕਾਸ਼ ਨੱਡਾ ਨੇ ਕਿਹਾ ਏ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਕੇਂਦਰ ਸਰਕਾਰ, ਹਿਮਾਚਲ ਪ੍ਰਦੇਸ਼ ਵਿੱਚ ਸਿਹਤ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਸਹਿਯੋਗ ਦੇ ਰਹੀ ਏ।

ਉਹ ਅੱਜ ਲਾਹੌਲ-ਸਪਿਤੀ ਦੇ ਕਬਾਇਲੀ ਜ਼ਿਲ੍ਹੇ ਵਿੱਚ ਕੇਲਾਂਗ ਵਿਖੇ, ਭਾਰਤੀ ਮੈਡੀਕਲ ਖੋਜ ਕੌਂਸਲ (ICMR) ਵਿੱਚ, ਦੇਸ਼ ਦੇ ਪਹਿਲੇ 'ਉੱਚ-ਉਚਾਈ ਵਾਲੇ ਸਿਹਤ ਖੋਜ ਕੇਂਦਰ' ਦਾ ਨੀਂਹ ਪੱਥਰ ਰੱਖਣ ਮੌਕੇ ਬੋਲ ਰਹੇ ਸਨ।

----------------------------------------------------------------

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅੱਜ ਜਪਾਨ ਵਿੱਚ ਹਾਲ ਹੀ ਵਿੱਚ ਸਮਾਪਤ ਹੋਈਆਂ ਏਸ਼ੀਆਈ ਖੇਡਾਂ ਵਿੱਚ 27 ਤਮਗੇ ਜਿੱਤਣ ਵਾਲੇ ਤਿੰਨਾਂ ਹਥਿਆਰਬੰਦ ਸੈਨਾਵਾਂ ਦੇ ਖਿਡਾਰੀਆਂ ਨੂੰ ਸਨਮਾਨਿਤ ਕੀਤਾ।

ਇਨ੍ਹਾਂ ਐਥਲੀਟਾਂ ਨੇ ਛੇ ਸੋਨੇ, 11 ਚਾਂਦੀ ਅਤੇ 10 ਕਾਂਸੀ ਦੇ ਤਮਗੇ ਜਿੱਤੇ ਨੇ। ਉਨ੍ਹਾਂ ਦੇ ਪ੍ਰਦਰਸ਼ਨ ਨੇ ਭਾਰਤ ਦੀ ਕੁੱਲ ਤਮਗਾ ਸੂਚੀ 85 ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਅਤੇ ਤਮਗਾ ਸੂਚੀ ਵਿੱਚ ਚੌਥਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ, ਰਾਜਨਾਥ ਸਿੰਘ ਨੇ ਖਿਡਾਰੀਆਂ ਦੇ ਅਨੁਸ਼ਾਸਨ, ਸਖ਼ਤ ਮਿਹਨਤ ਅਤੇ ਟੀਮ ਭਾਵਨਾ ਦੀ ਸ਼ਲਾਘਾ ਕੀਤੀ।

**BYTE: RAJNATH SINGH**

---------------------------------------------------

ਸਾਊਦੀ ਅਰਬ ਦੇ ਰਿਆਧ ਵਿੱਚ ਕਿੰਗ ਖਾਲਿਦ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਪਿਛਲੇ ਹਫਤੇ ਹੋਏ ਘਾਤਕ ਹਮਲੇ ਤੋਂ ਬਾਅਦ, ਉਡਾਣਾਂ ਦੇ ਸੰਚਾਲਨ 'ਤੇ ਰੋਕ ਦੀ ਮਿਆਦ ਵਧਾ ਦਿੱਤੀ ਗਈ ਏ। ਅਧਿਕਾਰੀ ਹਵਾਈ ਅੱਡੇ ਦੀ ਸੁਰੱਖਿਆ ਦੀ ਜਾਂਚ ਕਰ ਰਹੇ ਨੇ।

ਸਾਊਦੀ ਅਰਬ ਦੀ ਸਿਵਲ ਹਵਾਬਾਜ਼ੀ ਅਥਾਰਟੀ ਨੇ ਕਿਹਾ ਏ ਕਿ, ਸਬੰਧਤ ਏਜੰਸੀਆਂ ਨਾਲ ਹਵਾਈ ਅੱਡੇ ਦੀ ਸੁਰੱਖਿਆ ਅਤੇ ਸੰਚਾਲਨ ਸਮਰੱਥਾ ਦੀ ਜਾਂਚ ਪੂਰੀ ਹੋਣ ਤੱਕ, ਉਡਾਣਾਂ 'ਤੇ ਰੋਕ ਜਾਰੀ ਰਹੇਗੀ।

---------------------------------------------------

ਅਰਥਸ਼ਾਸਤਰ ਦਾ ਨੋਬਲ ਪੁਰਸਕਾਰ ਇਸ ਸਾਲ ਅਮਰੀਕਾ ਦੇ ਅਰਥਸ਼ਾਸਤਰੀਆਂ, ਰੌਬਰਟ ਈ. ਹਾਲ ਅਤੇ ਮਾਈਕਲ ਵੁੱਡਫੋਰਡ ਨੂੰ ਦੇਣ ਦਾ ਐਲਾਨ ਕੀਤਾ ਗਿਆ ਏ। ਉਨ੍ਹਾਂ ਨੇ ਨੀਤੀ ਨਿਰਮਾਤਾਵਾਂ ਨੂੰ ਆਰਥਿਕ

ਉਛਾਲ ਅਤੇ ਮੰਦੀ ਦੌਰਾਨ ਅਰਥਵਿਵਸਥਾਵਾਂ ਨੂੰ ਸਥਿਰ ਕਰਨ ਵਿੱਚ, ਮਦਦ ਕਰਨ ਵਾਲੇ ਵਿਆਪਕ ਆਰਥਿਕ ਮਾਡਲ ਵਿਕਸਿਤ ਕੀਤੇ ਨੇ।

-----------------------------------------------------

ਮੌਸਮ ਵਿਭਾਗ ਨੇ ਅਗਲੇ ਤਿੰਨ ਦਿਨਾਂ ਦੌਰਾਨ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੇ ਵੱਖ-ਵੱਖ ਹਿੱਸਿਆਂ ਵਿੱਚ ਗਰਜ-ਚਮਕ ਨਾਲ ਤੇਜ਼ ਹਵਾਵਾਂ ਚਲਣ ਸੰਬੰਧੀ ਯੈਲੋ ਅਲਰਟ ਜਾਰੀ ਕੀਤਾ ਏ। ਇਸ ਦੌਰਾਨ, ਪੰਜਾਬ ਦੇ ਕਈ ਹਿੱਸਿਆਂ ਵਿੱਚ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਣ ਦੀ ਸੰਭਾਵਨਾ ਵੀ ਜਤਾਈ ਗਈ ਏ।

-----------------------------------------------------

- ਸਰਵਉੱਚ ਅਦਾਲਤ ਨੇ ਕਿਹਾ -ਪਟਾਕਿਆਂ ਕਾਰਨ ਹੋਣ ਵਾਲੇ ਹਵਾ ਪ੍ਰਦੂਸ਼ਣ ਨਾਲ ਨਜਿੱਠਣ ਲਈ, ਪਾਬੰਦੀ ਲਗਾਉਣ ਦੀ ਬਜਾਏ, ਜਨਤਕ ਜਾਗਰੂਕਤਾ ਅਤੇ ਸਵੈ-ਇੱਛਤ ਹਿੱਸੇਦਾਰੀ ਵਧੇਰੇ ਪ੍ਰਭਾਵਸ਼ਾਲੀ ਹੋਵੇਗੀ।

- ਕੇਂਦਰ ਸਰਕਾਰ ਨੇ ਪੰਜਾਬ ਅਤੇ ਚੰਡੀਗੜ੍ਹ ਸਮੇਤ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ, ਕਲੀਨਿਕਲ ਅਦਾਰਿਆਂ ਵਿੱਚ ਮੁਹੱਈਆ ਕਰਵਾਈਆਂ ਜਾਣ ਵਾਲੀਆਂ ਸੇਵਾਵਾਂ ਅਤੇ ਸਹੂਲਤਾਂ ਦੀਆਂ ਦਰਾਂ, ਸਪਸ਼ਟ ਤੌਰ 'ਤੇ ਦਰਸਾਉਣ ਲਈ ਕਿਹਾ ।

- ਵਣਜ ਅਤੇ ਉਦਯੋਗ ਮੰਤਰੀ, ਪੀਯੂਸ਼ ਗੋਇਲ ਨੇ 2030 ਤੱਕ, ਭਾਰਤ-ਬਰਤਾਨੀਆ ਦੁਵੱਲੇ ਵਪਾਰ ਨੂੰ ਦੁੱਗਣਾ ਕਰਨ ਦਾ ਸੱਦਾ ਦਿੱਤਾ।

- ਪੰਜਾਬ ਵਿੱਚ ਵਿਸ਼ੇਸ਼ ਤੀਬਰ ਸੋਧ -SIR-2026 ਮੁਕੰਮਲ-ਸਾਰੇ 117 ਵਿਧਾਨ ਸਭਾ ਹਲਕਿਆਂ ਦੀਆਂ ਅੰਤਿਮ ਵੋਟਰ ਸੂਚੀਆਂ ਪ੍ਰਕਾਸ਼ਿਤ ਹੋਈਆਂ।

- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਏਸ਼ੀਆਈ ਖੇਡਾਂ ਵਿੱਚ 27 ਤਮਗੇ ਜਿੱਤਣ ਵਾਲੇ ਤਿੰਨਾਂ ਹਥਿਆਰਬੰਦ ਸੈਨਾਵਾਂ ਦੇ ਖਿਡਾਰੀਆਂ ਨੂੰ ਸਨਮਾਨਿਤ ਕੀਤਾ।

---

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ। ਸਾਡਾ ਅਗਲਾ ਰਾਸ਼ਟਰੀ ਖ਼ਬਰਾਂ ਦਾ ਬੁਲੇਟਿਨ, ਭਲਕੇ ਸਵੇਰੇ 8 ਵਜ ਕੇ 30 ਮਿੰਟ 'ਤੇ ਹੋਏਗਾ। ਨਮਸਕਾਰ!**